**ਪੰਜਾਬ ਸਰਕਾਰ**

**ਸਕੂਲ ਸਿੱਖਿਆ ਵਿਭਾਗ**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ./ਸੈ.ਸਿ.),
ਪੰਜਾਬ ਰਾਜ।

ਮੀਮੋ ਨੰ: 8/6-2017 ੲ(6)/2020206145
ਮਿਤੀ: 31-8-2020

**ਵਿਸ਼ਾ:-** **ਸਕੂਲਾਂ ਵਿੱਚ ਆਧਾਰ ਡਾਟਾ ਅੱਪਡੇਟ ਕਰਨ ਬਾਰੇ।**

1.0 ਉਪਰੋਕਤ ਵਿਸ਼ੇ ਤੇ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਸਕੂਲ ਸਿੱਖਿਆ ਵਿਭਾਗ ਇਸ ਗੱਲ ਦੀ ਸ਼ਲਾਘਾ ਕਰਦਾ ਹੈ ਕਿ ਸਮੂਹ ਜਿਲ੍ਹਾ ਸਿੱਖਿਆ ਅਫ਼ਸਰ, ਉੱਪ ਜਿਲ੍ਹਾ ਸਿੱਖਿਆ ਅਫ਼ਸਰ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਮੁੱਖ ਅਧਿਆਪਕ, ਸੈਂਟਰ ਹੈੱਡ ਟੀਚਰ, ਹੈੱਡ ਟੀਚਰ, ਅਧਿਆਪਕ ਅਤੇ ਨਾਨ-ਟੀਚਿੰਗ ਸਟਾਫ ਦੇ ਯਤਨਾਂ ਸਦਕਾ ਇਸ ਸਾਲ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਦਾਖਲੇ ਵਿੱਚ ਬਹੁਤ ਜ਼ਿਆਦਾ ਵਾਧਾ ਹੋਇਆ ਹੈ। ਦਾਖਲੇ ਦੀ ਪ੍ਰਕਿਰਿਆ ਨੂੰ ਵੀ ਸਰਲ ਬਣਾਇਆ ਗਿਆ ਹੈ, ਜਿਸ ਤਹਿਤ ਦਾਖਲੇ ਸਮੇਂ ਆਧਾਰ ਕਾਰਡ ਮੁਹੱਈਆ ਕਰਨ ਦੀ ਸ਼ਰਤ ਵਿੱਚ ਢਿੱਲ ਦਿੱਤੀ ਗਈ ਸੀ। ਪ੍ਰੰਤੂ ਹੁਣ ਜਦੋਂ ਕਿ ਦਾਖਲੇ ਹੋ ਚੁੱਕੇ ਹਨ ਅਤੇ ਕੁਝ ਵਿਦਿਆਰਥੀਆਂ ਦੇ ਆਧਾਰ ਕਾਰਡ ਅੱਪਲੋਡ ਨਹੀਂ ਹੋਏ ਹਨ, ਹੋ ਸਕਦਾ ਹੈ ਕਿ ਉਨ੍ਹਾਂ ਵਿਦਿਆਰਥੀਆਂ ਕੋਲ ਆਧਾਰ ਕਾਰਡ ਮੌਜੂਦ ਹੋਣ, ਪ੍ਰੰਤੂ ਸਕੂਲ ਨਾ ਖੁਲ੍ਹਣ ਕਾਰਨ ਜਾਂ ਕਿਸੇ ਹੋਰ ਕਾਰਨ ਕਰਕੇ ਇਹ ਆਧਾਰ ਕਾਰਡ ਸਿਸਟਮ ਵਿੱਚ ਅੱਪਲੋਡ ਨਹੀਂ ਹੋਏ।

3.0 ਆਪ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਜਿਲ੍ਹੇ ਅਧੀਨ ਆਉਂਦੇ ਸਮੂਹ ਸਕੂਲ ਮੁੱਖੀਆਂ ਨੂੰ ਇਹ ਸਲਾਹ ਦਿੱਤੀ ਜਾਵੇ ਅਤੇ ਬੇਨਤੀ ਕੀਤੀ ਜਾਵੇ ਕਿ ਜਦੋਂ ਵੀ ਸਕੂਲ ਖੁਲ੍ਹਦੇ ਹਨ, ਇਨ੍ਹਾਂ ਵਿਦਿਆਰਥੀਆਂ ਦੇ ਆਧਾਰ ਸਮਾਂ-ਬੱਧ ਤਰੀਕੇ ਨਾਲ ਸਿਸਟਮ ਤੇ ਅੱਪਲੋਡ ਕੀਤੇ ਜਾਣ। ਜੇਕਰ ਕਿਸੇ ਵਿਦਿਆਰਥੀ ਕੋਲ ਆਧਾਰ ਕਾਰਡ ਨਹੀਂ ਹੈ ਤਾਂ ਅਜਿਹੇ ਵਿਦਿਆਰਥੀਆਂ/ਮਾਪਿਆਂ ਨੂੰ ਆਧਾਰ ਕਾਰਡ ਬਣਵਾਉਣ ਲਈ ਗਾਈਡ ਕੀਤਾ ਜਾਵੇ। ਇਸ ਸਬੰਧੀ ਜੇਕਰ ਕੋਈ ਕਿਸੇ ਤਰ੍ਹਾਂ ਦੀ ਦਿੱਕਤ ਆਉਂਦੀ ਹੈ ਤਾਂ ਹਫ਼ਤਾਵਾਰੀ ਮੀਟਿੰਗ ਵਿੱਚ ਧਿਆਨ ਵਿੱਚ ਲਿਆਂਦਾ ਜਾਵੇ।

4.0 ਉਪਰੋਕਤ ਤੋਂ ਇਲਾਵਾ ਸਕੂਲਾਂ ਵਿੱਚ 100% ਆਧਾਰ ਇਨਰੋਲਮੈਂਟ ਇਸ ਕਾਰਨ ਵੀ ਜਰੂਰੀ ਹੈ ਕਿਉਂਕਿ ਬਹੁਤ ਸਾਰੇ ਵਿਦਿਆਰਥੀਆਂ ਨੂੰ ਸਰਕਾਰ ਦੁਆਰਾ ਵਜੀਫ਼ਾ ਦਿੱਤਾ ਜਾਣਾ ਹੈ। ਆਧਾਰ ਤੋਂ ਬਿਨਾ ਇਹ ਵਿਦਿਆਰਥੀ ਵਜੀਫ਼ੇ ਤੋਂ ਵਾਂਝੇ ਰਹਿ ਜਾਣਗੇ।

5.0 ਇਸੇ ਤਰ੍ਹਾਂ ਪ੍ਰਾਈਵੇਟ ਸਕੂਲਾਂ ਦੇ 12.85% ਵਿਦਿਆਰਥੀਆਂ ਦੇ ਆਧਾਰ ਅੱਪਡੇਟ ਨਹੀਂ ਹਨ। ਆਪਣੇ ਜਿਲ੍ਹੇ ਦੇ ਸਮੂਹ ਪ੍ਰਾਈਵੇਟ ਸਕੂਲਾਂ ਨੂੰ ਹਦਾਇਤਾਂ ਕੀਤੀਆਂ ਜਾਣ ਕਿ ਉਹ ਆਪਣੇ ਵਿਦਿਆਰਥੀਆਂ ਦੇ ਆਧਾਰ ਅੱਪਡੇਟ ਕਰਨ। ਅਜਿਹੇ ਵਿਦਿਆਰਥੀਆਂ ਵਾਲੇ ਸਕੂਲਾਂ ਦੀ ਪਛਾਣ ਕਰਨ ਲਈ ਆਪਣੇ ਜਿਲ੍ਹੇ ਦੇ ਐੱਮ.ਆਈ.ਐੱਸ. ਕੋਆਰਡੀਨੇਟਰ ਦੀ ਸਹਾਇਤਾ ਲੈ ਲਈ ਜਾਵੇ।

**ਸਕੱਤਰ ਸਕੂਲ ਸਿੱਖਿਆ**